27_Nov_3_Star_5_6_9.qxd 11/27/2025 9:39 PM Page 3



## ਸੀਨੀਅਰ ਸੈਕੰਡਰੀ ਸਕੂਲ ਵਿਖੇ ਐਥਲੈਟਿਕਸ ਮੀਟ 7 ਨੂੰ

ਕਾਲਾਂਵਾਲੀ/ਸਿਰਸਾ, 27 ਨਵੰਬਰ (ਭੁਪਿੰਦਰ ਪੰਨੀਵਾਲੀਆ)-ਹੈਲਪਿੰਗ ਹੈਂਡ ਟਰੱਸਟ ਕਾਲਾਂਵਾਲੀ, ਯੂਥ ਕਲੱਬ ਐਸੋਸੀਏਸ਼ਨ ਸਿਰਸਾ ਦੇ ਸਹਿਯੋਗ ਨਾਲ ਨਸ਼ਾ ਮੁਕਤ ਮੁਹਿੰਮ ਦੇ ਹਿੱਸੇ ਵਜੋਂ 7 ਦਸੰਬਰ ਨੂੰ ਤਖ਼ਤਮੱਲ ਰੋਡ 'ਤੇ ਸਥਿਤ ਸੀਨੀਅਰ ਸੈਕੰਡਰੀ ਸਕੂਲ ਕਾਲਾਂਵਾਲੀ ਵਿਖੇ ਇੱਕ ਐਥਲੈਟਿਕਸ ਮੀਟ ਕਰਵਾਈ ਜਾ ਰਹੀ ਹੈ। ਟਰੱਸਟ ਦੇ ਪ੍ਰਧਾਨ ਲਖਬੀਰ ਸਿੰਘ ਸੋਢੀ ਨੇ ਦੱਸਿਆ ਕਿ ਐਥਲੈਟਿਕਸ ਮੀਟ ਵਿੱਚ ਮੁੰਡਿਆਂ ਲਈ 100 ਮੀਟਰ, 400 ਮੀਟਰ ਅਤੇ 1600 ਮੀਟਰ ਦੌੜ ਸ਼ਾਮਿਲ ਹੋਵੇਗੀ। ਕੁੜੀਆਂ ਲਈ 100 ਮੀਟਰ, 400 ਮੀਟਰ ਅਤੇ 800 ਮੀਟਰ ਦੌੜ ਵੀ ਕਰਵਾਈ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਟਰੱਸਟ ਜੇਤੂ ਐਥਲੀਟਾਂ ਨੂੰ ਪੁਰਸਕਾਰਾਂ ਨਾਲ ਸਨਮਾਨਿਤ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਥਾਣਾ ਕਾਲਾਂਵਾਲੀ ਦੇ ਇੰਚਾਰਜ ਸੁਨੀਲ ਸੋਢੀ ਅਤੇ ਆੜ੍ਹਤੀਆ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਕਾਕਾ ਅਸੀਰ ਵਾਲਾ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਹੋਣਗੇ। ਜਦੋਂ ਕਿ ਸ਼ਹਿਰ ਦੇ ਕੌਂਸਲਰ ਹਰਵਿੰਦਰ ਸਿੰਘ ਅਤੇ ਕੌਂਸਲਰ ਪ੍ਰਤੀਨਿਧੀ ਦਾਰਾ ਸਿੰਘ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕਰਨਗੇ।

# ਆਵਾਰਾ ਕੁੱਤਿਆਂ ਨੂੰ ਫੜਨ ਦੀ ਮੁਹਿੰਮ ਜਲਦ ਸ਼ੁਰੂ ਹੋਵੇਗੀ ਤੇ ਜਨਤਕ ਥਾਵਾਂ 'ਤੇ ਲਿਖੇ ਜਾਣਗੇ ਹੈਲਪਲਾਈਨ ਨੰਬਰ-ਮਹਾਂਬੀਰ ਪ੍ਰਸ਼ਾਦ

## ਨਿਗਮ ਕਮਿਸ਼ਨਰ ਨੇ ਆਵਾਰਾ ਕੁੱਤਿਆਂ ਦੀ ਨਸਬੰਦੀ ਅਤੇ ਟੀਕਾਕਰਨ ਸੰਬੰਧੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਯਮੁਨਾਨਗਰ, 27 ਨਵੰਬਰ (ਗੁਰਦਿਆਲ ਸਿੰਘ ਨਿਮਰ)-ਆਵਾਰਾ ਕੁੱਤਿਆਂ ਨੂੰ ਫੜਨ ਦੀ ਮੁਹਿੰਮ ਸ਼ੁਰੂ ਹੋਵੇਗੀ, ਜਿਸ ਤਹਿਤ ਸਭ ਤੋਂ ਪਹਿਲਾਂ ਖੂੰਖਾਰ ਕੁੱਤਿਆਂ ਨੂੰ ਫੜ ਕੇ ਡੋਗ ਸ਼ੈਲਟਰ ਵਿਖੇ ਲਿਜਾਇਆ ਜਾਵੇਗਾ। ਇਹ ਜਾਣਕਾਰੀ ਨਗਰ ਨਿਗਮ ਦੇ ਕਮਿਸ਼ਨਰ ਮਹਾਂਬੀਰ ਪ੍ਰਸ਼ਾਦ ਨੇ ਅੱਜ ਸੁਪਰੀਮ ਕੋਰਟ ਦੁਆਰਾ ਜਾਰੀ ਹੁਕਮਾਂ ਦੀ ਪਾਲਣਾ ਹਿਤ ਆਵਾਰਾ ਕੁੱਤਿਆਂ ਨੂੰ ਫੜਨ ਦੀ ਮੁਹਿੰਮ ਸੰਬੰਧੀ ਨਗਰ ਨਿਗਮ ਅਤੇ ਪਸ਼ੂ-ਪਾਲਣ ਵਿਭਾਗ ਦੇ ਅਧਿਕਾਰੀਆਂ ਦੀ ਸੱਦੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਉਨ੍ਹਾਂ ਪਸ਼ੂ-ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਰੈਬੀਜ਼ ਵਿਰੋਧੀ ਟੀਕਾਕਰਨ, ਨਸਬੰਦੀ ਤੇ ਟੀਕਾਕਰਨ ਲਈ ਸਾਰੀਆਂ ਤਿਆਰੀਆਂ ਪੂਰੀਆਂ ਕਰਨ ਅਤੇ ਜਨਤਕ ਥਾਵਾਂ 'ਤੇ ਆਵਾਰਾ ਕੁੱਤਿਆਂ ਬਾਰੇ ਨਗਰ ਨਿਗਮ ਅਧਿਕਾਰੀਆਂ ਨੂੰ ਸੂਚਿਤ ਕਰਨ ਲਈ ਹੈਲਪਲਾਈਨ ਨੰ. 7082410824 ਵਾਲੇ ਸਾਈਨ ਬੋਰਡ ਤੇ ਹੋਰਡਿੰਗ ਲਗਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਾਰੇ ਅਧਿਕਾਰੀਆਂ ਨੂੰ ਮਾਣਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਦੀ ਪਾਲਣਾ ਹਿੱਤ ਇਨ੍ਹਾਂ ਕੰਮਾਂ ਨੂੰ ਤੁਰੰਤ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਨੇ ਆਵਾਰਾ ਕੁੱਤਿਆਂ ਦੀ ਨਸਬੰਦੀ ਅਤੇ ਟੀਕਾਕਰਨ ਲਈ ਇਕ ਟੈਂਡਰ ਜਾਰੀ ਕੀਤਾ ਹੈ। ਉਨ੍ਹਾਂ ਦੱਸਿਆ ਕਿ ਗੁਲਾਬ ਨਗਰ ਅਤੇ ਅੰਬਾਲਾ ਰੋਡ ਸਮੇਤ ਤਿੰਨ ਡੋਗ ਸ਼ੈਲਟਰ ਨਸਬੰਦੀ ਅਤੇ ਟੀਕਾਕਰਨ ਲਈ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਪਹਿਲਾਂ ਸਾਰੇ ਸਰਕਾਰੀ ਤੇ ਨਿੱਜੀ ਹਸਪਤਾਲਾਂ, ਵਿੱਦਿਅਕ ਸੰਸਥਾਵਾਂ, ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ ਵਰਗੀਆਂ ਜਨਤਕ ਥਾਵਾਂ 'ਤੇ ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਅਤੇ ਨਾਲ ਹੀ ਇਨ੍ਹਾਂ ਸਾਰੀਆਂ ਜਨਤਕ ਥਾਵਾਂ 'ਤੇ ਹੈਲਪਲਾਈਨ ਨੰਬਰ 7082410824 ਵਾਲੇ ਬੋਰਡ ਅਤੇ ਹੋਰਡਿੰਗ ਲਗਾਏ ਜਾਣ ਤਾਂ ਜੋ ਲੋਕ ਆਵਾਰਾ ਕੁੱਤਿਆਂ ਦੀ ਰਿਪੋਰਟ ਕਰ ਸਕਣ। ਉਨ੍ਹਾਂ ਕਿਹਾ ਕਿ ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਲਈ ਸਾਰੀਆਂ ਵਿੱਦਿਅਕ ਸੰਸਥਾਵਾਂ ਸਮੇਤ ਹੋਰਨਾਂ ਸੰਸਥਾਵਾਂ 'ਚ ਨੋਡਲ ਅਫ਼ਸਰ ਨਿਯੁਕਤ ਕੀਤੇ ਗਏ ਹਨ ਅਤੇ ਜਲਦ ਤੋਂ ਜਲਦ ਗਸ਼ਤ ਟੀਮਾਂ ਬਣਾਈਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀਆਂ ਟੀਮਾਂ ਆਵਾਰਾ ਕੁੱਤਿਆਂ ਨੂੰ ਫੜਨ ਲਈ ਪੁਲਿਸ, ਪਸ਼ੂ-ਪਾਲਣ ਵਿਭਾਗ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਕੰਮ ਕਰਨਗੀਆਂ। ਉਨ੍ਹਾਂ ਕਿਹਾ ਕਿ ਨਗਰ ਨਿਗਮ ਖੇਤਰ ਨੂੰ ਆਵਾਰਾ ਪਸ਼ੂਆਂ ਤੋਂ ਮੁਕਤ ਕਰ ਦਿੱਤਾ ਗਿਆ ਹੈ, ਪਰ ਫ਼ਿਰ ਜੇਕਰ ਕੋਈ ਆਵਾਰਾ ਪਸ਼ੂ ਸ਼ਹਿਰ 'ਚ ਦਾਖਲ ਹੁੰਦਾ ਹੈ ਤਾਂ ਉਸ ਨੂੰ ਨਗਰ ਨਿਗਮ ਦੀ ਟੀਮ ਦੁਆਰਾ ਕਾਬੂ ਕੀਤਾ ਜਾਂਦਾ ਹੈ ਅਤੇ ਗਊਸ਼ਾਲਾ ਵਿਖੇ ਛੱਡਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਆਵਾਰਾ ਕੁੱਤਿਆਂ ਦੀ ਨਸਬੰਦੀ ਅਤੇ ਟੀਕਾਕਰਨ ਨਾਲ ਸ਼ਹਿਰ 'ਚ ਕੁੱਤਿਆਂ ਦੇ ਕੱਟਣ ਦੇ ਵਧ ਰਹੇ ਮਾਮਲਿਆਂ ਨੂੰ ਠੱਲ੍ਹ ਪਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹੈਲਪਲਾਈਨ ਨੰਬਰ 'ਤੇ ਜਾਣਕਾਰੀ ਮਿਲਦੇ ਸਾਰ ਹੀ ਕੁੱਤਿਆਂ ਨੂੰ ਫੜ ਕੇ ਡੋਗ ਸ਼ੈਲਟਰ ਵਿਖੇ ਭੇਜਿਆ ਜਾਵੇ। ਇਸ ਦੇ ਨਾਲ ਹੀ ਇਹ ਯਕੀਨੀ ਬਣਾਇਆ ਜਾਵੇ ਕਿ ਇਹ ਕੰਮ ਮਾਣਯੋਗ ਸੁਪਰੀਮ ਕੋਰਟ ਵਲੋਂ ਜਾਰੀ ਹੁਕਮਾਂ ਦੀ ਪਾਲਣਾ 'ਚ ਕੀਤਾ ਜਾਵੇ। ਇਸ ਮੌਕੇ ਵਧੀਕ ਨਿਗਮ ਕਮਿਸ਼ਨਰ ਧੀਰਜ ਕੁਮਾਰ, ਸੀ.ਐੱਸ.ਆਈ. ਵਿਨੋਦ ਬੈਨੀਵਾਲ, ਸੀ.ਐੱਸ.ਆਈ. ਹਰਜੀਤ ਸਿੰਘ, ਐੱਸ. ਆਈ. ਗੋਵਿੰਦ ਸ਼ਰਮਾ ਤੇ ਡਾ. ਸਤਬੀਰ ਸਿੰਘ ਆਦਿ ਵੀ ਹਾਜ਼ਰ ਸਨ।



ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਦੀ ਮੁਹਿੰਮ ਸੰਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਸੱਦੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਨਗਰ ਨਿਗਮ ਦੇ ਕਮਿਸ਼ਨਰ ਮਹਾਂਬੀਰ ਪ੍ਰਸ਼ਾਦ। ਤਸਵੀਰ : ਨਿਮਰ





ਡਿਪਟੀ ਕਮਿਸ਼ਨਰ ਡਾ. ਵਿਵੇਕ ਭਾਰਤੀ ਸੜਕ ਸੁਰੱਖਿਆ ਤੇ ਸੁਰੱਖਿਅਤ ਵਾਹਨ ਨੀਤੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ। ਤਸਵੀਰ : ਹਰਬੰਸ ਸਿੰਘ ਮੰਡੇਰ

## ਸੇਫ਼ ਸਕੂਲ ਵਾਹਨ ਨੀਤੀ ਤਹਿਤ ਸਕੂਲ ਬੱਸਾਂ ਦੀ ਫਿਟਨੈੱਸ ਜਾਂਚ ਕੀਤੀ ਜਾਵੇ-ਡੀ. ਸੀ.

ਫ਼ਤਿਹਾਬਾਦ, 27 ਨਵੰਬਰ (ਹਰਬੰਸ ਸਿੰਘ ਮੰਡੇਰ)-ਜ਼ਿਲ੍ਹਾ ਸੜਕ ਸੁਰੱਖਿਆ ਅਤੇ ਸੁਰੱਖਿਅਤ ਸਕੂਲ ਵਾਹਨ ਨੀਤੀ ਦੀ ਮਾਸਿਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਵਿਵੇਕ ਭਾਰਤੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੁਰੱਖਿਅਤ ਸਕੂਲ ਵਾਹਨ ਨੀਤੀ ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਸਕੂਲ ਬੱਸਾਂ ਦੀ 100 ਪ੍ਰਤੀਸ਼ਤ ਜਾਂਚ ਯਕੀਨੀ ਬਣਾਈ ਜਾਵੇ। ਉਨ੍ਹਾਂ ਹਦਾਇਤ ਕੀਤੀ ਕਿ ਸਕੂਲ ਬੱਸਾਂ ਵਿਚ ਕਿਸੇ ਵੀ ਤਰ੍ਹਾਂ ਦੀ ਕਮੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਸੁਰੱਖਿਆ ਮਾਪਦੰਡਾਂ ਦੀ ਪੂਰੀ ਪਾਲਣਾ ਲਾਜ਼ਮੀ ਹੋਣੀ ਚਾਹੀਦੀ ਹੈ। ਉਨ੍ਹਾਂ ਹਦਾਇਤ ਕੀਤੀ ਕਿ ਪ੍ਰਾਪਤ ਹੋਈਆਂ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ ਅਤੇ ਸਾਰੀਆਂ ਸ਼ਿਕਾਇਤਾਂ ਦਾ 10 ਦਿਨਾਂ ਦੇ ਅੰਦਰ-ਅੰਦਰ ਹੱਲ ਕੀਤਾ ਜਾਵੇ। ਉਨ੍ਹਾਂ ਸੜਕ ਨਾਲ ਸਬੰਧਿਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਜੇਕਰ ਲਾਪਰਵਾਹੀ ਪਾਈ ਗਈ ਤਾਂ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ। ਡੀ. ਸੀ. ਨੇ ਸਾਰੀਆਂ ਸੜਕ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਸਕੂਲਾਂ ਦੇ ਆਲੇ-ਦੁਆਲੇ ਸੜਕ ਸੁਰੱਖਿਆ ਉਪਾਅ ਜਿਵੇਂ ਕਿ ਸਾਈਨੇਜ, ਸਪੀਡ ਬ੍ਰੇਕਰ, ਰਿਫਲੈਕਟਿਵ ਮਾਰਕਿੰਗ ਆਦਿ ਜਲਦੀ ਤੋਂ ਜਲਦੀ ਲਗਾਏ ਜਾਣ। ਸਬੰਧਿਤ ਸੜਕ ਵਿਭਾਗ ਆਪਣੀਆਂ ਵਿਸਤ੍ਰਿਤ ਰਿਪੋਰਟਾਂ 10 ਦਿਨਾਂ ਦੇ ਅੰਦਰ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਜਮਾਂ ਕਰਵਾਉਣ। ਡਿਪਟੀ ਕਮਿਸ਼ਨਰ ਨੇ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਕਿ ਬਿਨਾਂ ਹੈਲਮਟ, ਬਿਨਾਂ ਸੀਟ ਬੈਲਟ ਅਤੇ ਓਵਰਸਪੀਡਿੰਗ ਗੱਡੀ ਚਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਲੋਕਾਂ ਨੂੰ ਚਲਾਨ ਜਾਰੀ ਕਰ ਕੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਬਾਰੇ ਜਾਗਰੂਕ ਕੀਤਾ ਜਾਵੇ। ਮੀਟਿੰਗ ਵਿਚ ਐਨ. ਐਚ. ਏ. ਆਈ. ਦੇ ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਰਾਸ਼ਟਰੀ ਰਾਜ ਮਾਰਗ 'ਤੇ ਗੈਰ-ਕਾਨੂੰਨੀ ਕੱਟ ਬੰਦ ਕਰ ਦਿੱਤੇ ਗਏ ਹਨ ਅਤੇ ਸ਼ਹਿਰ ਦੇ ਮੁੱਖ ਪ੍ਰਵੇਸ਼ ਅਤੇ ਨਿਕਾਸ ਸਥਾਨਾਂ 'ਤੇ ਸਟਰੀਟ ਲਾਈਟਾਂ ਲਗਾਉਣ ਦਾ ਅਨੁਮਾਨ ਹੈੱਡਕੁਆਟਰ ਨੂੰ ਭੇਜਿਆ ਗਿਆ ਹੈ। ਡੀ. ਸੀ. ਨੇ ਅਧਿਕਾਰੀਆਂ ਨੂੰ ਅਖ਼ਬਾਰਾਂ ਵਿਚ ਪ੍ਰਕਾਸ਼ਿਤ ਲੰਬਿਤ ਏਜੰਡੇ ਅਤੇ ਸੜਕ ਸੁਰੱਖਿਆ ਸੰਬੰਧੀ ਖ਼ਬਰਾਂ ਦਾ ਤੁਰੰਤ ਨੋਟਿਸ ਲੈਣ ਅਤੇ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਵਿਚ ਏ.ਡੀ ਸੀ ਅਨੁਰਾਗ ਧਾਲੀਵਾਲ, ਐਸ.ਡੀ.ਐਮ. ਆਕਾਸ਼ ਸ਼ਰਮਾ, ਸੁਰੇਂਦਰ ਸਿੰਘ, ਰਾਜੇਸ਼ ਕੁਮਾਰ, ਆਰ.ਟੀ.ਏ ਸਕੱਤਰ ਸੰਜੇ ਬਿਸ਼ਨੋਈ, ਜ਼ਿਲ੍ਹਾ ਪ੍ਰੀਸ਼ਦ ਦੇ ਸੀ.ਈ.ਓ. ਸੁਰੇਸ਼ ਕੁਮਾਰ, ਸੀ.ਟੀ.ਐਮ ਗੌਰਵ ਗੁਪਤਾ, ਡੀ.ਐਸ.ਪੀ. ਕੁਲਵੰਤ ਸਿੰਘ, ਡੀ.ਡੀ.ਪੀ.ਓ. ਅਨੂਪ ਸਿੰਘ, ਡੀ.ਈ.ਓ. ਸੰਗੀਤਾ ਬਿਸ਼ਨੋਈ ਆਦਿ ਹਾਜ਼ਰ ਸਨ।



ਮੁਕੰਦ ਲਾਲ ਨੈਸ਼ਨਲ ਕਾਲਜ ਵਿਖੇ ਕਰਵਾਏ ਗਏ ਪ੍ਰੋਗਰਾਮ ਦੌਰਾਨ ਐੱਨ.ਸੀ.ਸੀ. ਵਲੰਟੀਅਰਾਂ ਅਤੇ ਪ੍ਰੋਫੈਸਰ ਸਾਹਿਬਾਨਾਂ ਨੂੰ ਭਾਰਤ ਦੇ ਸੰਵਿਧਾਨ ਦੀ ਪ੍ਰਸਤਾਵਨਾ ਦੀ ਸਹੁੰ ਚੁਕਾਉਂਦੇ ਹੋਏ ਪ੍ਰਿੰ. ਡਾ. ਅਨਿਲ ਧਵਨ। ਤਸਵੀਰ : ਨਿਮਰ

## ਮੁਕੰਦ ਲਾਲ ਨੈਸ਼ਨਲ ਕਾਲਜ ਵਿਖੇ ਸੰਵਿਧਾਨ ਦਿਵਸ ਮਨਾਇਆ

ਯਮੁਨਾਨਗਰ, 27 ਨਵੰਬਰ (ਗੁਰਦਿਆਲ ਸਿੰਘ ਨਿਮਰ)-ਸਥਾਨਕ ਮੁਕੰਦ ਲਾਲ ਨੈਸ਼ਨਲ ਕਾਲਜ ਵਿਖੇ ਐੱਨ.ਐੱਸ.ਐੱਸ. ਯੂਨਿਟ ਦੇ ਸਹਿਯੋਗ ਨਾਲ ਸੰਵਿਧਾਨ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਰਾਜਨੀਤਿਕ ਵਿਗਿਆਨ ਵਿਭਾਗ ਦੇ ਮੁਖੀ ਅਤੇ ਐਸੋਸੀਏਟ ਪ੍ਰੋ. ਡਾ. ਪ੍ਰਕਾਸ਼ ਨੇ ਭਾਰਤ ਦੇ ਸੰਵਿਧਾਨ ਦੇ ਉਸਾਰੀ ਅਤੇ ਲਾਗੂਕਰਨ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਸੰਵਿਧਾਨ 'ਚ ਦਰਜ ਨਾਗਰਿਕਾਂ ਦੇ ਮੌਲਿਕ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਸੰਬੰਧੀ ਵੀ ਵਿਸਥਾਰ 'ਚ ਚਰਚਾ ਕੀਤੀ। ਇਸ ਤੋਂ ਬਾਅਦ ਕਾਲਜ ਪ੍ਰਿੰ. ਡਾ. ਅਨਿਲ ਧਵਨ ਨੇ ਐੱਨ.ਸੀ.ਸੀ. ਵਲੰਟੀਅਰਾਂ ਅਤੇ ਪ੍ਰੋਫੈਸਰ ਸਾਹਿਬਾਨਾਂ ਨੂੰ ਭਾਰਤ ਦੇ ਸੰਵਿਧਾਨ ਦੀ ਪ੍ਰਸਤਾਵਨਾ ਦੀ ਸਹੁੰ ਚੁਕਾਈ। ਉਨ੍ਹਾਂ ਪ੍ਰੋਗਰਾਮ ਦੀ ਸਫ਼ਲਤਾ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ. ਰਾਹੁਲ ਸਿੰਘ , ਡਾ. ਉਮੰਗ ਬਰੇਜਾ ਅਤੇ ਡਾ. ਅੰਕੁਰ ਵਲੋਂ ਕੀਤੇ ਗਏ ਯਤਨਾਂ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਨਿਤਿਆ ਕੌਸ਼ਿਕ, ਡਾ. ਵਕੀਲ ਸਿੰਘ, ਗੁਰਮੀਤ ਸਿੰਘ, ਨਿਕੇਤ, ਰਾਜੀਵ ਕੁਮਾਰ, ਸੁਮਨ, ਕੋਮਲ, ਗਰਿਮਾ, ਦੀਪਕਾ ਅਤੇ ਸੁਰਭੀ ਆਦਿ ਵੀ ਹਾਜ਼ਰ ਸਨ।

# ਸੰਸਦ ਮੈਂਬਰ ਨਵੀਨ ਜਿੰਦਲ ਦੀ ਅਗਵਾਈ ਹੇਠ ਮੁਕਾਬਲਿਆਂ ਦੇ ਦੂਜੇ ਪੜਾਅ ਲਈ ਖਿਡਾਰੀਆਂ ਵਿਚ ਬਹੁਤ ਉਤਸ਼ਾਹ ਹੈ-ਧਰਮਵੀਰ ਸਿੰਘ

- ਐੱਮ. ਪੀ. ਸਪੋਰਟਸ ਫੈਸਟੀਵਲ ਦੇ ਵਿਧਾਨ ਸਭਾ ਪੱਧਰੀ ਮੁਕਾਬਲਿਆਂ ਦੇ ਦੂਜੇ ਪੜਾਅ ਦੀਆਂ ਤਿਆਰੀਆਂ ਸੰਬੰਧੀ ਜਿੰਦਲ ਹਾਊਸ ਵਿਖੇ ਇੱਕ ਮੀਟਿੰਗ ਹੋਈ

ਗੂਹਲਾ ਚੀਕਾ, 27 ਨਵੰਬਰ (ਓ.ਪੀ. ਸੈਣੀ)-ਐੱਮ.ਪੀ. ਸਪੋਰਟਸ ਫੈਸਟੀਵਲ ਦੇ ਦੂਜੇ ਪੜਾਅ ਦੇ ਹਿੱਸੇ ਵਜੋਂ ਹੋਣ ਵਾਲੇ ਵਿਧਾਨ ਸਭਾ ਪੱਧਰੀ ਖੇਡ ਮੁਕਾਬਲਿਆਂ ਦੀਆਂ ਤਿਆਰੀਆਂ ਸੰਬੰਧੀ ਅੱਜ ਜਿੰਦਲ ਹਾਊਸ, ਕੁਰੂਕਸ਼ੇਤਰ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਐਮਪੀ ਦਫ਼ਤਰ ਇੰਚਾਰਜ ਅਤੇ ਸਾਬਕਾ ਆਈ.ਏ.ਐੱਸ. ਅਧਿਕਾਰੀ ਧਰਮਵੀਰ ਸਿੰਘ ਨੇ ਕੀਤੀ। ਮੀਟਿੰਗ ਦੌਰਾਨ, ਐਮਪੀ ਸਪੋਰਟਸ ਫੈਸਟੀਵਲ ਕੋਆਰਡੀਨੇਟਰ ਰੋਹਨ ਮੈਨਨ ਨੇ ਆਉਣ ਵਾਲੇ ਮੁਕਾਬਲਿਆਂ ਦੇ ਸਾਰੇ ਪਹਿਲੂਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਅਤੇ ਸਮਾਗਮ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਮੈਂਬਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ। ਐੱਮ.ਪੀ. ਦਫ਼ਤਰ ਇੰਚਾਰਜ ਧਰਮਵੀਰ ਸਿੰਘ ਨੇ ਦੱਸਿਆ ਕਿ ਐਮ.ਪੀ. ਨਵੀਨ ਜਿੰਦਲ ਦੀ ਅਗਵਾਈ ਹੇਠ, ਮੁਕਾਬਲਿਆਂ ਦੇ ਦੂਜੇ ਪੜਾਅ ਲਈ ਖਿਡਾਰੀਆਂ ਵਿੱਚ ਬਹੁਤ ਉਤਸ਼ਾਹ ਹੈ। ਐਮ.ਪੀ. ਸਪੋਰਟਸ ਫੈਸਟੀਵਲ ਦੇ ਪਹਿਲੇ ਪੜਾਅ ਵਿੱਚ, 12,000 ਖਿਡਾਰੀਆਂ ਨੇ ਬਲਾਕ ਪੱਧਰ 'ਤੇ ਵੱਖ-ਵੱਖ ਖੇਡ ਮੁਕਾਬਲਿਆਂ ਵਿਚ ਹਿੱਸਾ ਲਿਆ। ਹੁਣ, ਦੂਜੇ ਪੜਾਅ ਵਿਚ, ਕੁਰੂਕਸ਼ੇਤਰ ਲੋਕ ਸਭਾ ਹਲਕੇ ਵਿੱਚ ਵਿਧਾਨ ਸਭਾ ਪੱਧਰ 'ਤੇ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਤਿਉਹਾਰ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਖੇਤਰ ਵਿਚ ਉੱਭਰ ਰਹੀ ਖੇਡ ਪ੍ਰਤਿਭਾ ਲਈ ਇੱਕ ਮਜ਼ਬੂਤ ਪਲੇਟਫਾਰਮ ਪ੍ਰਦਾਨ ਕਰਨਾ ਹੈ। ਇਹ ਮੁਕਾਬਲੇ ਨੌਜਵਾਨਾਂ ਵਿਚ ਖੇਡ ਭਾਵਨਾ, ਅਨੁਸ਼ਾਸਨ ਅਤੇ ਸਕਾਰਾਤਮਕ ਊਰਜਾ ਪੈਦਾ ਕਰਦੇ ਹਨ, ਜਿਸ ਨਾਲ ਉਨ੍ਹਾਂ ਨੂੰ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੰਸਦ ਖੇਡ ਮਹੋਤਸਵ ਦਾ ਦੂਜਾ ਪੜਾਅ 1 ਦਸੰਬਰ ਨੂੰ ਵਿਧਾਨ ਸਭਾ ਪੱਧਰੀ ਖੇਡ ਮੁਕਾਬਲਿਆਂ ਨਾਲ ਸ਼ੁਰੂ ਹੋਵੇਗਾ। ਖਿਡਾਰੀਆਂ ਦੇ ਵਧੇ ਹੋਏ ਉਤਸ਼ਾਹ, ਸਖ਼ਤ ਮਿਹਨਤ ਅਤੇ ਤਿਆਰੀ ਨੂੰ ਦੇਖਦੇ ਹੋਏ, ਉਮੀਦ ਕੀਤੀ ਗਈ ਕਿ ਇਸ ਸਾਲ ਦੇ ਮੁਕਾਬਲੇ ਹੋਰ ਵੀ ਜ਼ਿਆਦਾ ਉਤਸ਼ਾਹ ਨਾਲ ਹੋਣਗੇ।

ਮੀਟਿੰਗ ਵਿਚ ਵੱਖ-ਵੱਖ ਖੇਡਾਂ ਲਈ ਸਥਾਨ ਵੀ ਨਿਰਧਾਰਤ ਕੀਤੇ ਗਏ। ਕੋਆਰਡੀਨੇਟਰ ਰੋਹਨ ਮੈਨਨ ਨੇ ਦੱਸਿਆ ਕਿ, ਐਮਪੀ ਨਵੀਨ ਜਿੰਦਲ ਦੇ ਨਿਰਦੇਸ਼ਾਂ ਅਨੁਸਾਰ, ਦੂਜੇ ਪੜਾਅ ਦੀਆਂ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਐਥਲੈਟਿਕਸ, ਖੋ-ਖੋ, ਕਬੱਡੀ, ਜੰਪਿੰਗ ਅਤੇ ਸਕਿੱਪਿੰਗ, ਟੱਗ-ਆਫ-ਵਾਰ, ਮੁੱਕੇਬਾਜ਼ੀ, ਜੂਡੋ ਅਤੇ ਕੁਸ਼ਤੀ ਮੁਕਾਬਲੇ ਦਰੋਣਾਚਾਰੀਆ ਸਟੇਡੀਅਮ, ਕੁਰੂਕਸ਼ੇਤਰ ਵਿਖੇ ਆਯੋਜਿਤ ਕੀਤੇ ਜਾਣਗੇ। ਤੀਰਅੰਦਾਜ਼ੀ ਅਤੇ ਵਾਲੀਬਾਲ ਮੁਕਾਬਲੇ ਕੁਰੂਕਸ਼ੇਤਰ ਯੂਨੀਵਰਸਿਟੀ ਵਿਖੇ, ਬਾਡੀ ਬਿਲਡਿੰਗ ਰਾਜੀਵ ਗਾਂਧੀ ਸਪੋਰਟਸ ਸਟੇਡੀਅਮ, ਧਨੌਰਾ ਜੱਟਾਂ ਵਿਖੇ, ਸ਼ੂਟਿੰਗ ਕਰਨ ਸ਼ੂਟਿੰਗ ਅਕੈਡਮੀ ਵਿਖੇ ਅਤੇ ਹਾਕੀ ਮਾਰਕੰਡੇਸ਼ਵਰ ਸਟੇਡੀਅਮ, ਸ਼ਾਹਬਾਦ ਵਿਖੇ ਆਯੋਜਿਤ ਕੀਤੇ ਜਾਣਗੇ।



ਬੈਠਕ ਦੌਰਾਨ ਦਾ ਇਕ ਦ੍ਰਿਸ਼। ਤਸਵੀਰ : ਓ.ਪੀ. ਸੈਣੀ





ਪ੍ਰੋਗਰਾਮ ਦੌਰਾਨ ਦੇ ਵੱਖ-ਵੱਖ ਦ੍ਰਿਸ਼। ਤਸਵੀਰਾਂ : ਓ.ਪੀ. ਸੈਣੀ

# ਜ਼ਿਲ੍ਹਾ ਪ੍ਰਸ਼ਾਸਨ ਨੇ ਕੁੱਕੜਕੰਡਾ ਪਿੰਡ 'ਚ ਰਾਤ ਠਹਿਰਨ ਦਾ ਪ੍ਰੋਗਰਾਮ ਕਰਵਾਇਆ

## ਏ.ਡੀ.ਸੀ. ਸੁਰੇਸ਼ ਰਵੀਸ਼ ਨੇ ਪਿੰਡ ਵਾਸੀਆਂ ਨਾਲ ਕੀਤੀ ਸਿੱਧੀ ਗੱਲਬਾਤ

ਗੁਹਲਾ ਚੀਕਾ/ਕੈਥਲ, 27 ਨਵੰਬਰ (ਓ.ਪੀ. ਸੈਣੀ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਆਦੇਸ਼ਾਂ ਅਨੁਸਾਰ ਅਤੇ ਡਿਪਟੀ ਕਮਿਸ਼ਨਰ ਪ੍ਰੀਤੀ ਦੀ ਅਗਵਾਈ ਹੇਠ, ਜ਼ਿਲ੍ਹਾ ਪ੍ਰਸ਼ਾਸਨ ਨੇ ਬੁੱਧਵਾਰ ਨੂੰ ਕੁੱਕੜਕੰਡਾ ਪਿੰਡ ਵਿਚ ਰਾਤ ਠਹਿਰਨ ਦਾ ਪ੍ਰੋਗਰਾਮ ਕਰਵਾਇਆ। ਏ.ਡੀ.ਸੀ. ਸੁਰੇਸ਼ ਰਵੀਸ਼ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਉਨ੍ਹਾਂ ਦੇ ਹੱਲ ਲਈ ਨਿਰਦੇਸ਼ ਦਿੱਤੇ। ਐੱਸ.ਡੀ.ਐਮ. ਅਜੈ ਸਿੰਘ ਅਤੇ ਡੀ.ਐੱਸ.ਪੀ. ਸੁਸ਼ੀਲ ਪ੍ਰਕਾਸ਼ ਵੀ ਮੌਜੂਦ ਸਨ। ਪਿੰਡ ਪਹੁੰਚਣ 'ਤੇ, ਸਰਪੰਚ ਦੀ ਅਗਵਾਈ ਹੇਠ ਗ੍ਰਾਮ ਪੰਚਾਇਤ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਉਨ੍ਹਾਂ ਪਿੰਡ ਵਾਸੀਆਂ ਨੂੰ ਪਿੰਡ ਵਿਚ ਬੱਚਿਆਂ ਲਈ ਇਕ ਲਾਇਬ੍ਰੇਰੀ ਖੋਲ੍ਹਣ ਅਤੇ ਸਰਕਾਰੀ ਸਕੂਲ ਨੂੰ ਖੇਡ ਉਪਕਰਣ ਪ੍ਰਦਾਨ ਕਰਨ ਦਾ ਭਰੋਸਾ ਦਿੱਤਾ। ਪਿੰਡ ਵਿਚ ਸਥਾਈ ਸਟੇਡੀਅਮ ਦੀ ਮੰਗ ਸੰਬੰਧੀ, ਉਨ੍ਹਾਂ ਗ੍ਰਾਮ ਪੰਚਾਇਤ ਨੂੰ ਜ਼ਮੀਨ ਪ੍ਰਦਾਨ ਕਰਨ ਅਤੇ ਪ੍ਰਸਤਾਵ ਪਾਸ ਕਰਨ ਤੋਂ ਬਾਅਦ, ਫਾਈਲ ਉਨ੍ਹਾਂ ਨੂੰ ਭੇਜਣ ਲਈ ਕਿਹਾ। ਇਸੇ ਤਰ੍ਹਾਂ ਪਿੰਡ ਦੇ ਛੱਪੜ ਦੀ ਸਫਾਈ ਅਤੇ ਸਾਫ਼ ਨਹਿਰੀ ਪਾਣੀ ਮੁਹੱਈਆ ਕਰਵਾਉਣ ਦੀ ਮੰਗ ਸੰਬੰਧੀ, ਉਨ੍ਹਾਂ ਬੀ.ਡੀ.ਪੀ.ਓ. ਅਤੇ ਪਿੰਡ ਦੇ ਸਕੱਤਰ ਨੂੰ ਛੱਪੜ ਸੰਬੰਧੀ ਜਾਣਕਾਰੀ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪਿੰਡ ਨੂੰ ਮੱਖੀ ਦੀ ਸਮੱਸਿਆ ਦੇ ਹੱਲ ਲਈ ਇਲਾਕੇ ਵਿੱਚ ਸਪਰੇਅ ਕਰਨ ਦੇ ਵੀ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ, ਖਸਤਾ ਹਾਲਤ ਪਸ਼ੂ ਹਸਪਤਾਲ ਦੀ ਇਮਾਰਤ ਦੇ ਪੁਨਰ ਨਿਰਮਾਣ ਅਤੇ ਅੰਬੇਡਕਰ ਭਵਨ ਦੀ ਉਸਾਰੀ ਦੀਆਂ ਮੰਗਾਂ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਨਾਈਟ ਸਟੇਅ ਪ੍ਰੋਗਰਾਮ ਇੱਕ ਮਹੱਤਵਪੂਰਨ ਸਰਕਾਰੀ ਪਹਿਲਕਦਮੀ ਹੈ ਜਿਸਦਾ ਉਦੇਸ਼ ਪ੍ਰਸ਼ਾਸਨ ਨੂੰ ਪਿੰਡ ਪੱਧਰ 'ਤੇ ਜਨਤਾ ਨਾਲ ਸਿੱਧਾ ਜੋੜਨਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਹੈ। ਅਜਿਹੇ ਪ੍ਰੋਗਰਾਮ ਪ੍ਰਸ਼ਾਸਨ ਨੂੰ ਜ਼ਮੀਨੀ ਹਕੀਕਤਾਂ ਨੂੰ ਸਮਝਣ ਅਤੇ ਯੋਜਨਾਵਾਂ ਦੇ ਅਸਲ ਲਾਗੂ ਕਰਨ ਦਾ ਮੁਲਾਂਕਣ ਕਰਨ ਵਿੱਚ ਮਦਦ ਕਰਦੇ ਹਨ। ਅੱਜ ਦੇ ਨਾਈਟ ਸਟੇਅ ਪ੍ਰੋਗਰਾਮ ਦੌਰਾਨ ਪਿੰਡ ਵਾਸੀਆਂ ਵਲੋਂ ਉਠਾਈਆਂ ਗਈਆਂ ਸਾਰੀਆਂ ਸਮੱਸਿਆਵਾਂ ਦਾ ਜ਼ਰੂਰ ਹੱਲ ਕੀਤਾ ਜਾਵੇਗਾ। ਕੁਝ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ, ਜਦੋਂ ਕਿ ਕੁਝ ਨੂੰ ਹੱਲ ਕਰਨ ਲਈ ਇੱਕ ਹਫ਼ਤੇ ਦਾ ਸਮਾਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੇ ਨਾਲ ਖੜ੍ਹਾ ਹੈ। ਆਮ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਸੰਬੰਧੀ ਆਪਣੀ ਲਿਖਤੀ ਸ਼ਿਕਾਇਤ ਦੇਣੀ ਚਾਹੀਦੀ ਹੈ ਅਤੇ ਸਬੰਧਤ ਦਸਤਾਵੇਜ਼ ਆਪਣੀ ਸ਼ਿਕਾਇਤ ਨਾਲ ਨੱਥੀ ਕਰਨੇ ਚਾਹੀਦੇ ਹਨ, ਤਾਂ ਜੋ ਇਸ 'ਤੇ ਕਾਰਵਾਈ ਕੀਤੀ ਜਾ ਸਕੇ। ਇਸ ਮੌਕੇ ਐੱਸ.ਡੀ.ਐਮ. ਅਜੈ ਸਿੰਘ, ਡੀ.ਐੱਸ.ਪੀ. ਸੁਸ਼ੀਲ ਪ੍ਰਕਾਸ਼, ਡੀ.ਪੀ.ਆਰ.ਓ. ਨਸੀਬ ਸਿੰਘ ਸੈਣੀ, ਬੀ.ਡੀ.ਪੀ.ਓ. ਅੰਨੂ ਟੋਂਕ, ਡੀ.ਈ.ਓ. ਸੁਰੇਸ਼ ਕੁਮਾਰ, ਖੇਤੀਬਾੜੀ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਸੁਰੇਂਦਰ ਯਾਦਵ, ਬਾਗਬਾਨੀ ਅਧਿਕਾਰੀ ਡਾ. ਹੀਰਾਲਾਲ ਅਤੇ ਹੋਰ ਅਧਿਕਾਰੀ ਮੌਜੂਦ ਸਨ। ਰਾਤ ਦੇ ਠਹਿਰਾਅ ਪ੍ਰੋਗਰਾਮ ਦੌਰਾਨ ਵੱਖ-ਵੱਖ ਵਿਭਾਗਾਂ ਵਲੋਂ ਜਾਗਰੂਕਤਾ ਸਟਾਲ ਲਗਾਏ ਗਏ ਸਨ। ਹੋਰ ਵਿਭਾਗ ਵੀ ਸ਼ਾਮਿਲ ਸਨ।

## ਸਮਾਧਾਨ ਕੈਂਪ 'ਚ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਜਲਦ ਤੋਂ ਜਲਦ ਨਿਪਟਾਰਾ ਕੀਤਾ ਜਾਵੇ-ਤਰੁਣ ਸਹੋਤਾ

ਯਮੁਨਾਨਗਰ, 27 ਨਵੰਬਰ (ਗੁਰਦਿਆਲ ਸਿੰਘ ਨਿਮਰ)-ਸਮਾਧਾਨ ਕੈਂਪ 'ਚ ਆਉਣ ਵਾਲੇ ਹਰੇਕ ਬਿਨੈਕਾਰ ਦੀ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਇਹ ਜਾਣਕਾਰੀ ਸਾਂਝੀ ਕਰਦਿਆਂ ਡੀ.ਆਰ.ਓ. ਤਰੁਣ ਸਹੋਤਾ ਨੇ ਦੱਸਿਆ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਜਲਦ ਹੱਲ ਲਈ ਸੂਬਾ ਸਰਕਾਰ ਦੀ ਅਗਵਾਈ ਹੇਠ ਲਗਾਏ ਜਾ ਰਹੇ ਸਮਾਧਾਨ ਕੈਂਪਾਂ ਦੇ ਸ਼ਡਿਊਲ 'ਚ ਥੋੜ੍ਹਾ ਬਦਲਾਅ ਕੀਤਾ ਗਿਆ ਹੈ ਅਤੇ ਹੁਣ ਇਹ ਕੈਂਪ ਹਫ਼ਤੇ 'ਚ ਦੋ ਦਿਨ ਭਾਵ ਸੋਮਵਾਰ ਅਤੇ ਵੀਰਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 12 ਵਜੇ ਤੱਕ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪਹਿਲਾਂ ਵਾਂਗ ਕੈਂਪ ਜ਼ਿਲ੍ਹਾ ਅਤੇ ਸਬ-ਡਵੀਜ਼ਨ ਪੱਧਰ 'ਤੇ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਲੜੀ ਤਹਿਤ ਜ਼ਿਲ੍ਹਾ ਸਕੱਤਰੇਤ ਦੇ ਆਡੀਟੋਰੀਅਮ 'ਚ ਜ਼ਿਲ੍ਹਾ ਪੱਧਰੀ ਸਮਾਧਾਨ ਕੈਂਪ, ਜਦਕਿ ਵਿਆਸਪੁਰ, ਛਛਰੌਲੀ ਅਤੇ ਰਾਦੌਰ ਸਥਿਤ ਐਸ. ਡੀ. ਐਮ. ਦਫ਼ਤਰਾਂ 'ਚ ਸਬ-ਡਵੀਜ਼ਨ ਪੱਧਰੀ ਸਮਾਧਾਨ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਧਾਨ ਕੈਂਪਾਂ ਦਾ ਮੁੱਖ ਉਦੇਸ਼ ਜਨਤਾ ਅਤੇ ਪ੍ਰਸ਼ਾਸਨ ਵਿਚਕਾਰ ਸਿੱਧਾ ਸੰਚਾਰ ਸਥਾਪਤ ਕਰਨਾ ਹੈ ਤਾਂ ਜੋ ਸਮੱਸਿਆਵਾਂ ਦਾ ਹੱਲ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਕੀਤਾ ਜਾ ਸਕੇ। ਇਨ੍ਹਾਂ ਕੈਂਪਾਂ ਰਾਹੀਂ ਨਾਗਰਿਕਾਂ ਨੂੰ ਆਪਣੀਆਂ ਸ਼ਿਕਾਇਤਾਂ ਦੇ ਹੱਲ ਲਈ ਵੱਖ-ਵੱਖ ਦਫ਼ਤਰਾਂ ਵਿਚ ਯਾਤਰਾ ਨਹੀਂ ਕਰਨੀ ਪੈਂਦੀ, ਇਸ ਦੀ ਬਜਾਏ ਉਹ ਇਕ ਜਗ੍ਹਾ 'ਤੇ ਅਧਿਕਾਰੀਆਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਇਸ ਪਹਿਲਕਦਮੀ ਨੂੰ ਜਨਤਾ ਵਲੋਂ ਵੀ ਪੂਰਾ ਸਮਰਥਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇ ਸਮਾਧਾਨ ਕੈਂਪ 'ਚ ਕੁੱਲ 8 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਇਸ ਮੌਕੇ ਡੀਡੀਪੀਓ ਨਰਿੰਦਰ ਸਿੰਘ, ਡੀ.ਆਈ.ਓ. ਵਿਨੈ ਗੁਲਾਟੀ ਅਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



ਸਮਾਧਾਨ ਕੈਂਪ 'ਚ ਲੋਕਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਡੀ. ਆਰ. ਓ. ਤਰੁਣ ਸਹੋਤਾ। ਤਸਵੀਰ : ਨਿਮਰ

CMYK